


ਕੈਨੇਡੀਅਨ
# ਪੰਜਾਬੀ ਪੋਸਟ

*Award winning news paper* | Canadian Punjabi Post




To view our online newspaper visit **punjabipost.ca/epaper** | **Vol 23* Issue 237** | **Friday, 27 December 2024** | **Tel: 905-793-2202 | Fax: 905-793-2282 | news@punjabipost.ca** ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ




## ਫੋਰਟ ਲਾਡਰਡੇਲ ਵਿੱਚ ਕਿਸ਼ਤੀ ਵਿੱਚ ਹੋਇਆ ਧਮਾਕਾ, ਮਾਂਟਰੀਅਲ ਵਿਅਕਤੀ ਦੀ ਮੌਤ

ਮਾਂਟਰੀਅਲ, 26 ਦਸੰਬਰ (ਪੋਸਟ ਬਿਊਰੋ): ਫਲੋਰੀਡਾ ਦੇ ਫੋਰਟ ਲਾਡਰਡੇਲ ਵਿੱਚ ਕਿਸ਼ਤੀ ਵਿੱਚ ਧਮਾਕਾ ਹੋ ਗਿਆ। ਇਸ ਵਿਚ ਮਾਂਟਰੀਅਲ ਦੇ ਇੱਕ ਵਿਅਕਤੀ ਦੀ ਮੌਤ ਹੋ ਗਈ ਅਤੇ ਕਈ ਹੋਰ ਜ਼ਖ਼ਮੀ ਹੋ ਗਏ।



ਸੋਮਵਾਰ ਸ਼ਾਮ 6 ਵਜੇ ਦੇ ਆਸਪਾਸ ਕਿਸ਼ਤੀ ਵਿੱਚ ਧਮਾਕੇ ਹੋਣ ਦਾ ਵੀਡੀਓ ਸਰਵੇਲਾਂਸ ਵਿੱਚ ਕੈਦ ਹੋ ਗਿਆ। ਫਲੋਰੀਡਾ ਮੱਛੀ ਅਤੇ ਵਣਜੀਵ ਸੁਰੱਖਿਆ ਕਮਿਸ਼ਨ ਦੇ ਬੁਲਾਰੇ ਏਰੀਅਲ ਕਾਲੇਂਡਰ ਨੇ ਕਿਹਾ ਕਿ ਇੰਜਨ ਚਾਲੂ ਹੋਣ ਤੋਂ ਬਾਅਦ ਕਿਸ਼ਤੀ ਵਿੱਚ ਧਮਾਕਾ ਹੋਇਆ ਅਤੇ ਉਸ ਵਿੱਚ ਸੱਤ ਮੁਸਾਫ਼ਰ ਸਵਾਰ ਸਨ।

41 ਸਾਲਾ ਸੇਬੇਸਟਿਅਨ ਗੌਥਿਅਰ ਦੀ ਜ਼ਖਮਾਂ ਕਾਰਨ ਮੌਤ ਹੋ ਗਈ। ਕਾਲੇਂਡਰ ਨੇ ਕਿਹਾ ਕਿ ਹੋਰ ਛੇ ਲੋਕਾਂ ਨੂੰ ਇਲਾਜ ਲਈ ਸਥਾਨਕ ਹਸਪਤਾਲ ਵਿੱਚ ਭੇਜਿਆ ਗਿਆ ਹੈ। ਫੋਰਟ ਲਾਡਰਡੇਲ ਫਾਇਰ ਰੇਸਕਿਊ ਨੇ ਐਕਸ 'ਤੇ ਕਿਹਾ ਕਿ ਉਨ੍ਹਾਂ ਵਿਚੋਂ ਤਿੰਨ ਨੂੰ ਗੰਭੀਰ ਸੱਟਾਂ ਲੱਗੀਆਂ ਹਨ।

ਫਾਇਰ ਐਂਡ ਰੇਸਕਿਊ ਨੇ ਕਿਹਾ ਕਿ ਅੱਗ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਯੂ. ਐੱਸ. ਕੋਸਟ ਗਾਰਡ, ਪੁਲਿਸ ਵਿਭਾਗ ਅਤੇ ਹੋਰ ਏਜੰਸੀਆਂ ਦੀਆਂ ਟੀਮਾਂ ਸਹਾਇਤਾ ਕਰ ਰਹੀਆਂ ਹਨ।

## ਸਰੀ ਵਿੱਚ ਪਿਕਅਪ ਟਰੱਕ ਹੋਇਆ ਹਾਦਸੇ ਦਾ ਸ਼ਿਕਾਰ, ਇੱਕ ਔਰਤ ਦੀ ਮੌਤ

ਵੈਨਕੂਵਰ, 26 ਦਸੰਬਰ (ਪੋਸਟ ਬਿਊਰੋ): ਕ੍ਰਿਸਮਸ ਵਾਲੇ ਦਿਨ ਇੱਕ ਔਰਤ ਦੀ ਮੌਤ ਤੋਂ ਬਾਅਦ ਬੀ. ਸੀ. ਦੇ ਹਾਈਵੇ 15 ਦਾ ਇੱਕ ਹਿੱਸਾ ਬੰਦ ਕਰ ਦਿੱਤਾ ਗਿਆ ਹੈ।



ਬੁੱਧਵਾਰ ਦੁਪਹਿਰ ਸਰੀ ਪੁਲਿਸ ਸਰਵਿਸ ਨੇ ਕਿਹਾ ਕਿ ਕ੍ਰਿਸਮਸ ਦੇ ਦਿਨ ਸਵੇਰੇ ਕਰੀਬ 11:15 ਵਜੇ ਸਰੀ ਵਿੱਚ ਹਾਈਵੇ 15 ਅਤੇ ਹਾਈਵੇ 10 ਦੇ ਚੁਰਾਸਤੇ 'ਤੇ ਇੱਕ ਪਿਕਅਪ ਟਰੱਕ ਅਤੇ ਇੱਕ ਟੈਕਸੀ ਮਿਨੀਵੈਨ ਦੀ ਟੱਕਰ ਹੋ ਗਈ।

ਪੁਲਿਸ ਨੇ ਦੱਸਿਆ ਕਿ ਦੁਰਘਟਨਾ 'ਚ ਇੱਕ ਮਹਿਲਾ ਯਾਤਰੀ ਦੀ ਘਟਨਾ ਸਥਾਨ 'ਤੇ ਹੀ ਮੌਤ ਹੋ ਗਈ। ਇੱਕ ਦੂਜੇ ਵਾਹਨ ਨੂੰ ਟੱਕਰ ਮਾਰਨੇ ਵਾਲੇ ਇੱਕ ਵਾਹਨ ਦਾ ਚਾਲਕ ਘਟਨਾ ਸਥਾਨ 'ਤੇ ਹੀ ਰਿਹਾ ਅਤੇ ਪੁਲਿਸ ਨਾਲ ਸਹਿਯੋਗ ਕਰ ਰਿਹਾ ਹੈ।

ਪੁਲਿਸ ਨੇ ਕਿਹਾ ਕਿ ਜਾਂਚ ਸ਼ੁਰੂਆਤੀ ਪੜਾਅ ਵਿੱਚ ਹੈ ਅਤੇ ਟੱਕਰ ਦੇ ਕਾਰਨ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਹੈ।

## ਓਵੇਨ ਸਾਊਂਡ ਦੇ ਵਿਅਕਤੀ ਦੀ 1 ਮਿਲੀਅਨ ਡਾਲਰ ਦੀ ਨਿਕਲੀ ਲਾਟਰੀ




ਬੈਰੀ, 26 ਦਸੰਬਰ (ਪੋਸਟ ਬਿਊਰੋ): ਬੀਤੇ ਦਿਨੀਂ ਲਾਟਰੀ ਡਰਾਅ ਦੇ ਲਗਭਗ ਚਾਰ ਮਹੀਨਿਆਂ ਬਾਅਦ, ਬੈਰੀ ਏਂਸਟੇਟ ਨੇ ਆਪਣੀ 1 ਮਿ-ਲਅਨ ਡਾਲਰ ਦੀ ਜਿੱਤ ਦਾ ਐਲਾਨ ਕੀਤਾ।

56 ਸਾਲਾ ਏਂਸਟੇਟ ਪਿਛਲੇ ਕੁੱਝ ਸਾਲਾਂ ਤੋਂ ਲਾਟਰੀ ਪਾ ਰਹੇ ਹਨ। ਏਂਸਟੇਟ ਹੁਣ OLG ਦੇ ਲਾਟਰੀ ਗੇਮ, ਟਰਿਪਲ ਮਿਲੀਅਨਜ਼ ਦੀ ਬਦੌਲਤ ਆਪਣੀ ਪਹਿਲੀ ਵੱਡੀ ਜਿੱਤ ਦੀ ਖਬਰ ਸਾਂਝਾ ਕਰਦੇ ਹੋਏ ਬਹੁਤ ਖੁਸ਼ ਹਨ।

18 ਦਸੰਬਰ ਨੂੰ ਟੋਰਾਂਟੋ ਵਿੱਚ OLG ਪ੍ਰਾਈਜ਼ ਸੈਂਟਰ 'ਤੇ ਆਪਣੀ ਜਿੱਤ ਦਾ ਇਨਾਮ ਲੈਣ ਲਈ ਜਾਂਦੇ ਸਮੇਂ ਏਂਸਟੇਟ ਨੇ ਕਿਹਾ ਕਿ ਮੈਂ ਸਟੋਰ 'ਤੇ ਸੀ, ਜਦੋਂ ਮੈਂ ਆਪਣਾ ਟਿਕਟ ਸਕੈਨ ਕੀਤਾ ਅਤੇ ਆਪਣੀ ਜਿੱਤ ਦਾ ਪਤਾ ਚੱਲਿਆ।

ਟਰਿਪਲ ਮਿਲੀਅਨਜ਼ ਇੱਕ ਸੀਮਿਤ ਸਮਾਂ ਦਾ ਲਾਟਰੀ ਗੇਮ ਸੀ, ਜੋ 20 ਜੂਨ ਤੋਂ 29 ਅਗਸਤ ਵਿਚਕਾਰ 20 ਡਾਲਰ ਵਿੱਚ ਉਪਲੱਬਧ ਸੀ। ਜੇਤੂ ਟਿਕਟ 12 ਅਗਸਤ ਨੂੰ ਕਾਲਿੰਗਵੁਡ ਦੇ ਬਾਲਸਮ ਸਟਰੀਟ ਸਥਿਤ Canadian Tire Gas+ ਤੋਂ ਖਰੀਦਿਆ ਗਿਆ ਸੀ।









## ਸੀਰੀਆ ਦੇ ਸਾਬਕਾ ਰਾਸ਼ਟਰਪਤੀ ਦੀ ਪਤਨੀ ਨੂੰ ਬਲੱਡ ਕੈਂਸਰ ਹੋਣ ਦਾ ਦਾਅਵਾ



ਮਾਸਕੋ, 26 ਦਸੰਬਰ (ਪੋਸਟ ਬਿਊਰੋ): ਸੀਰੀਆ ਦੇ ਸਾਬਕਾ ਰਾਸ਼ਟਰਪਤੀ ਬਸ਼ਰ ਅਲ-ਅਸਦ ਦੀ ਪਤਨੀ ਅਸਮਾ ਅਲ-ਅਸਦ ਗੰਭੀਰ ਬੀਮਾਰੀ ਤੋਂ ਪੀੜਤ ਹਨ। ਦਿ ਟੈਲੀਗ੍ਰਾਫ ਮੁਤਾਬਕ ਅਸਮਾ ਨੂੰ ਬਲੱਡ ਕੈਂਸਰ ਯਾਨੀ ਲਿਊਕੇਮੀਆ ਹੈ। ਡਾਕਟਰਾਂ ਨੇ ਕਿਹਾ ਹੈ ਕਿ ਉਨ੍ਹਾਂ ਦੇ ਬਚਣ ਦੀ ਸੰਭਾਵਨਾ ਸਿਰਫ 50% ਹੈ।

ਬ੍ਰਿਟਿਸ਼ ਵਿੱਚ ਜਨਮੀ ਅਸਮਾ ਅਲ-ਅਸਦ ਨੂੰ 2019 ਵਿੱਚ ਛਾਤੀ ਦੇ ਕੈਂਸਰ ਦਾ ਪਤਾ ਲੱਗਿਆ ਸੀ। ਇਲਾਜ ਤੋਂ ਬਾਅਦ ਉਨ੍ਹਾਂ ਨੇ ਆਪਣੇ ਆਪ ਨੂੰ ਕੈਂਸਰ ਮੁਕਤ ਐਲਾਨ ਦਿੱਤਾ। ਫਿਲਹਾਲ ਉਸ ਨੂੰ ਆਈਸੋਲੇਸ਼ਨ 'ਚ ਰੱਖ ਕੇ ਇਲਾਜ ਕੀਤਾ ਜਾ ਰਿਹਾ ਹੈ। ਅਸਮਾ ਨੇ ਦਸੰਬਰ 2000 ਵਿੱਚ ਅਸਦ ਨਾਲ ਵਿਆਹ ਕੀਤਾ ਸੀ। ਅਸਮਾ ਅਤੇ ਅਸਦ ਦੇ ਤਿੰਨ ਬੱਚੇ ਹਨ, ਜਿਨ੍ਹਾਂ ਦਾ ਨਾਂ ਹਾਫਿਜ਼, ਜੀਨ ਅਤੇ ਕਰੀਮ ਹੈ।

ਆਸਮਾ ਦਾ ਜਨਮ ਲੰਡਨ ਵਿੱਚ 1975 ਵਿੱਚ ਸੀਰੀਆਈ ਮਾਪਿਆਂ ਦੇ ਘਰ ਹੋਇਆ ਸੀ। ਉਸ ਕੋਲ ਬ੍ਰਿਟੇਨ ਅਤੇ ਸੀਰੀਆ ਦੀ ਦੋਹਰੀ ਨਾਗਰਿਕਤਾ ਹੈ।

ਸੀਰੀਆ 'ਚ 2011 'ਚ ਸ਼ੁਰੂ ਹੋਏ ਘਰੇਲੂ ਯੁੱਧ ਅਤੇ ਵਿਦਰੋਹ ਤੋਂ ਬਾਅਦ ਸਥਿਤੀ ਵਿਗੜ ਗਈ। ਬਾਗੀ ਸਮੂਹ ਹਯਾਤ ਤਹਿਰੀਰ ਅਲ-ਸ਼ਾਮ ਦੁਆਰਾ 11 ਦਿਨਾਂ ਦੇ ਹਮਲੇ ਤੋਂ ਬਾਅਦ ਬਸ਼ਰ ਅਲ-ਅਸਦ ਅਤੇ ਉਨ੍ਹਾਂ ਦਾ ਪਰਿਵਾਰ ਹਾਲ ਹੀ ਵਿੱਚ ਸੀਰੀਆ ਤੋਂ ਰੂਸ ਭੱਜ ਗਿਆ ਸੀ। ਹੁਣ ਉਹ ਮਾਸਕੋ ਵਿੱਚ ਸ਼ਰਨ ਲੈ ਕੇ ਰਹਿ ਰਹੇ ਹਨ।

ਜ਼ਿਕਰਯੋਗ ਹੈ ਕਿ ਰੂਸ ਨੇ ਅਸਦ ਨੂੰ ਸਖ਼ਤ ਸ਼ਰਤਾਂ ਨਾਲ ਸ਼ਰਨ ਦਿੱਤੀ ਹੈ। ਉਹ ਮਾਸਕੋ ਛੱਡ ਨਹੀਂ ਸਕਦੇ ਹਨ ਅਤੇ ਕਿਸੇ ਵੀ ਰਾਜਨੀਤਿਕ ਗਤੀਵਿਧੀ ਵਿੱਚ ਹਿੱਸਾ ਲੈਣ 'ਤੇ ਪਾਬੰਦੀ ਹੈ। ਇਸ ਤੋਂ ਇਲਾਵਾ ਉਸ ਦੀਆਂ ਜਾਇਦਾਦਾਂ ਨੂੰ ਵੀ ਫਰੀਜ਼ ਕਰ ਦਿੱਤਾ ਗਿਆ ਹੈ।

## ਕਿਟਸਿਲਾਨੋ ਵਿਚ ਹਾਦਸੇ ਦੌਰਾਨ 44 ਸਾਲਾ ਮੋਟਰਸਾਈਕਲ ਸਵਾਰ ਦੀ ਮੌਤ, ਇੱਕ ਔਰਤ ਗੰਭੀਰ ਜ਼ਖਮੀ

ਵੈਨਕੂਵਰ, 26 ਦਸੰਬਰ (ਪੋਸਟ ਬਿਊਰੋ): ਵੈਨਕੂਵਰ ਦੇ ਕਿਟਸਿਲਾਨੋ ਕ੍ਰਿਸਮਸ ਈਵ ਵਿੱਚ ਹਾਦਸੇ ਵਿਚ ਇੱਕ ਮੋਟਰਸਾਈਕਲ ਸਵਾਰ ਦੀ ਮੌਤ ਹੋ ਗਈ।




ਵੈਨਕੂਵਰ ਪੁਲਿਸ ਵਿਭਾਗ ਨੇ ਬੁੱਧਵਾਰ ਦੁਪਹਿਰ ਇੱਕ ਬਿਆਨ ਵਿੱਚ ਕਿਹਾ ਕਿ ਕ੍ਰਿਸਮਸ ਈਵ 'ਤੇ ਮੰਗਲਵਾਰ ਨੂੰ ਸ਼ਾਮ ਕਰੀਬ 4:25 ਵਜੇ ਮੋਟਰਸਾਈਕਲ ਸਵਾਰ ਕਾਰਨਵਾਲ ਏਵੇਨਿਊ ਅਤੇ ਬਾਲਸਮ ਸਟਰੀਟ ਦੇ ਚੁਰਾਸਤੇ 'ਤੇ ਇੱਕ ਐੱਸਯੂਵੀ ਨਾਲ ਟਕਰਾ ਗਿਆ।

ਪੁਲਿਸ ਨੇ ਕਿਹਾ ਕਿ 44 ਸਾਲਾ ਮੋਟਰਸਾਈਕਲ ਸਵਾਰ ਦੀ ਘਟਨਾ ਸਥਾਨ 'ਤੇ ਹੀ ਮੌਤ ਹੋ ਗਈ, ਜਦੋਂਕਿ ਬਾਈਕ ਉੱਤੇ ਸਵਾਰ ਇੱਕ ਔਰਤ ਨੂੰ ਗੰਭੀਰ ਸੱਟਾਂ ਨਾਲ ਹਸਪਤਾਲ ਲਿਜਾਇਆ ਗਿਆ।

ਵੀਪੀਡੀ ਨੇ ਬਿਆਨ ਵਿੱਚ ਕਿਹਾ ਕਿ ਪੁਲਿਸ ਦਾ ਮੰਨਣਾ ਹੈ ਕਿ ਮੋਟਰਸਾਈਕਲ, 2017 ਸੁਜ਼ੁਕੀ ਜੀਐੱਸਐੱਕਸ-ਆਰ1000, ਐੱਸਯੂਵੀ ਨਾਲ ਟਕਰਾਉਣ ਤੋਂ ਪਹਿਲਾਂ ਕਾਰਨਵਾਲ ਏਵੇਨਿਊ 'ਤੇ ਪੱਛਮ ਵੱਲ ਜਾ ਰਿਹਾ ਸੀ।

## ਅਮਰੀਕਾ ਯੂਕਰੇਨ ਨੂੰ ਹਥਿਆਰਾਂ ਦੀ ਸਪਲਾਈ ਵਧਾਏਗਾ

### ਬਿਡੇਨ ਨੇ ਕਿਹਾ - ਯੂਕਰੇਨ ਦੇ ਲੋਕਾਂ ਨੂੰ ਸ਼ਾਂਤੀ ਨਾਲ ਰਹਿਣ ਦਾ ਅਧਿਕਾਰ



ਕੀਵ, 26 ਦਸੰਬਰ (ਪੋਸਟ ਬਿਊਰੋ): ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਨੇ ਬੁੱਧਵਾਰ ਨੂੰ ਯੂਕਰੇਨ 'ਤੇ ਰੂਸੀ ਮਿਜ਼ਾਈਲ ਅਤੇ ਡਰੋਨ ਹਮਲੇ ਦੀ ਨਿੰਦਾ ਕੀਤੀ ਹੈ। ਬਾਇਡਨ ਨੇ ਦੋਸ਼ ਲਾਇਆ ਕਿ ਰੂਸ ਨੇ ਮਿਜ਼ਾਈਲ ਅਤੇ ਡਰੋਨ ਹਮਲਿਆਂ ਰਾਹੀਂ ਯੂਕਰੇਨ ਦੇ ਊਰਜਾ ਗਰਿੱਡ ਨੂੰ ਨਿਸ਼ਾਨਾ ਬਣਾਇਆ ਹੈ। ਇਸ ਦੇ ਜ਼ਰੀਏ ਰੂਸ ਸਰਦੀਆਂ 'ਚ ਯੂਕਰੇਨ ਦੇ ਲੋਕਾਂ ਦੀ ਬਿਜਲੀ ਸਪਲਾਈ ਨੂੰ ਕੱਟਣਾ ਚਾਹੁੰਦਾ ਹੈ।

ਬਾਇਡਨ ਨੇ ਵੀ ਯੂਕਰੇਨ ਦੀ ਮਦਦ ਲਈ ਆਪਣਾ ਸਮਰਥਨ ਦੁਹਰਾਇਆ। ਬਾਇਡਨ ਮੁਤਾਬਕ ਅਮਰੀਕਾ ਨੇ ਪਿਛਲੇ ਕੁਝ ਮਹੀਨਿਆਂ 'ਚ ਯੂਕਰੇਨ ਨੂੰ ਸੈਂਕੜੇ ਮਿਜ਼ਾਈਲਾਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਅਮਰੀਕਾ ਯੂਕਰੇਨ ਨੂੰ ਹਥਿਆਰਾਂ ਦੀ ਸਪਲਾਈ ਵਧਾਏਗਾ। ਯੂਕਰੇਨ ਨੂੰ ਜਲਦੀ ਹੀ ਮਿਜ਼ਾਈਲਾਂ ਦਾ ਨਵਾਂ ਬੈਚ ਦਿੱਤਾ ਜਾਵੇਗਾ। ਇਸ ਲਈ ਅਮਰੀਕੀ ਰੱਖਿਆ ਵਿਭਾਗ ਨੂੰ ਮਿਜ਼ਾਈਲਾਂ ਦੀ ਸਪਲਾਈ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਉਨ੍ਹਾਂ ਨੇ ਦੁਨੀਆਂ ਦੇ ਹੋਰ ਦੇਸ਼ਾਂ ਨੂੰ ਵੀ ਯੂਕਰੇਨ ਦੀ ਮਦਦ ਕਰਨ ਲਈ ਕਿਹਾ। ਅਮਰੀਕੀ ਰਾਸ਼ਟਰਪਤੀ ਨੇ ਕਿਹਾ ਕਿ ਯੂਕਰੇਨ ਦੇ ਲੋਕਾਂ ਨੂੰ ਸ਼ਾਂਤੀ ਅਤੇ ਸੁਰੱਖਿਆ ਨਾਲ ਰਹਿਣ ਦਾ ਅਧਿਕਾਰ ਹੈ। ਬਾਇਡਨ ਨੇ ਕਿਹਾ ਕਿ ਅਸੀਂ ਯੂਕਰੇਨ ਦਾ ਸਮਰਥਨ ਉਦੋਂ ਤੱਕ ਜਾਰੀ ਰੱਖਾਂਗੇ ਜਦੋਂ ਤੱਕ ਉਹ ਰੂਸ ਖਿਲਾਫ ਨਹੀਂ ਜਿੱਤਦਾ।

ਰੂਸ ਨੇ ਆਪਣੇ ਹਮਲੇ ਵਿੱਚ ਯੂਕਰੇਨ ਦੇ ਕਈ ਸ਼ਹਿਰਾਂ ਨੂੰ ਨਿਸ਼ਾਨਾ ਬਣਾਇਆ ਸੀ। ਯੂਕਰੇਨ ਦੀ ਹਵਾਈ ਸੈਨਾ ਮੁਤਾਬਕ ਰੂਸ ਨੇ ਹਮਲੇ ਲਈ 78 ਮਿਜ਼ਾਈਲਾਂ ਅਤੇ 106 ਡਰੋਨਾਂ ਦੀ ਵਰਤੋਂ ਕੀਤੀ। ਇਸ ਹਮਲੇ 'ਚ ਇਕ ਵਿਅਕਤੀ ਦੀ ਮੌਤ ਹੋ ਗਈ, ਜਦਕਿ 21 ਲੋਕ ਜ਼ਖਮੀ ਹੋ ਗਏ।

ਯੂਕਰੇਨ ਦੇ ਮੀਡੀਆ ਮੁਤਾਬਕ ਸਭ ਤੋਂ ਵੱਡਾ ਹਮਲਾ ਖਾਰਕੀਵ ਸ਼ਹਿਰ 'ਤੇ ਕੀਤਾ ਗਿਆ। ਇਸ ਤੋਂ ਇਲਾਵਾ ਡਨਿਪਰੋ, ਕ੍ਰੇਮੇਨਚੁਕ, ਕ੍ਰੀਵੀ ਰਿਹ ਅਤੇ ਇਵਾਨੋ-ਫ੍ਰੈਂਕਿਵਸਕ 'ਤੇ ਵੀ ਹਮਲੇ ਕੀਤੇ ਗਏ। ਇੱਥੇ ਊਰਜਾ ਦੇ ਬੁਨਿਆਦੀ ਢਾਂਚੇ ਸਮੇਤ ਰਿਹਾਇਸ਼ੀ ਖੇਤਰਾਂ ਨੂੰ ਨਿਸ਼ਾਨਾ ਬਣਾਇਆ ਗਿਆ।

PURBA APPRAISALS INC.


WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA
416-669-1423
www.purbahomes.com

# ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 'ਵੀਰ ਬਾਲ ਦਿਵਸ' ਮੌਕੇ 'ਸਾਹਿਬਜ਼ਾਦਿਆਂ' ਨੂੰ ਦਿੱਤੀ ਸ਼ਰਧਾਂਜਲੀ



ਨਵੀਂ ਦਿੱਲੀ, 26 ਦਸੰਬਰ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਨੂੰ 'ਵੀਰ ਬਾਲ ਦਿਵਸ' ਦੇ ਮੌਕੇ 'ਸਾਹਿਬਜ਼ਾਦਿਆਂ' ਨੂੰ ਸ਼ਰਧਾਂਜਲੀ ਦਿੱਤੀ ਅਤੇ ਉਨ੍ਹਾਂ ਦੀ ਬਹਾਦਰੀ ਅਤੇ ਕੁਰਬਾਨੀ ਨੂੰ ਯਾਦ ਕੀਤਾ। 'ਐਕਸ' 'ਤੇ ਇੱਕ ਪੋਸਟ ਵਿੱਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਬਹੁਤ ਛੋਟੀ ਉਮਰ ਵਿੱਚ ਉਹ ਆਪਣੇ ਵਿਸ਼ਵਾਸ ਅਤੇ ਸਿਧਾਂਤਾਂ 'ਤੇ ਦ੍ਰਿੜ ਰਹੇ। ਸਾਹਿਬਜ਼ਾਦਿਆਂ ਦੀ ਕੁਰਬਾਨੀ ਬਹਾਦਰੀ ਅਤੇ ਕਦਰਾਂ-ਕੀਮਤਾਂ ਪ੍ਰਤੀ ਵਚਨਬੱਧਤਾ ਦੀ ਇੱਕ ਵੱਡੀ ਮਿਸਾਲ ਹੈ।

ਉਨ੍ਹਾਂ ਲਿਖਿਆ ਕਿ ਅੱਜ ਵੀਰ ਬਾਲ ਦਿਵਸ ਮੌਕੇ ਅਸੀਂ ਸਾਹਿਬਜ਼ਾਦਿਆਂ ਦੀ ਲਾਸਾਨੀ ਬਹਾਦਰੀ ਅਤੇ ਕੁਰਬਾਨੀ ਨੂੰ ਯਾਦ ਕਰਦੇ ਹਾਂ। ਉਨ੍ਹਾਂ ਮਾਤਾ ਗੁਜਰੀ ਜੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਬਹਾਦਰੀ ਨੂੰ ਵੀ ਯਾਦ ਕਰਦਿਆਂ ਨਮਨ ਕੀਤਾ।

# ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦਿੱਲੀ ਦੇ ਭਾਰਤ ਮੰਡਪਮ 'ਚ ਆਯੋਜਿਤ ਵੀਰ ਬਾਲ ਦਿਵਸ ਪ੍ਰੋਗਰਾਮ 'ਚ ਕੀਤੀ ਸ਼ਿਰਕਤ

## ਸਭ ਤੋਂ ਘੱਟ ਉਮਰ ਦੇ ਸ਼ਤਰੰਜ ਖਿਡਾਰੀ ਨੂੰ ਬਾਲ ਪੁਰਸਕਾਰ, 17 ਬੱਚੇ ਸਨਮਾਨਿਤ






ਨਵੀਂ ਦਿੱਲੀ, 26 ਦਸੰਬਰ (ਪੋਸਟ ਬਿਊਰੋ): ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਵੀਰਵਾਰ ਨੂੰ ਰਾਸ਼ਟਰਪਤੀ ਭਵਨ ਵਿੱਚ 17 ਬੱਚਿਆਂ ਨੂੰ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਨਾਲ ਸਨਮਾਨਿਤ ਕੀਤਾ। ਇਸ ਵਾਰ 14 ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ 17 ਬੱਚਿਆਂ ਨੂੰ ਇਸ ਪੁਰਸਕਾਰ ਲਈ ਚੁਣਿਆ ਗਿਆ ਹੈ। ਇਨ੍ਹਾਂ ਵਿੱਚ 7 ਲੜਕੇ ਅਤੇ 10 ਲੜਕੀਆਂ ਸ਼ਾਮਿਲ ਹਨ।

ਬਾਲ ਪੁਰਸਕਾਰ ਸੱਤ ਸ਼੍ਰੇਣੀਆਂ ਵਿੱਚ ਦਿੱਤੇ ਜਾਂਦੇ ਹਨ। ਜਿਸ ਵਿੱਚ ਕਲਾ ਅਤੇ ਸੱਭਿਆਚਾਰ, ਬਹਾਦਰੀ, ਨਵੀਨਤਾ, ਵਿਗਿਆਨ ਅਤੇ ਤਕਨਾਲਾਜੀ, ਸਮਾਜਿਕ ਕਾਰਜ, ਖੇਡਾਂ ਅਤੇ ਵਾਤਾਵਰਣ ਸ਼ਾਮਿਲ ਹਨ। ਸਪੋਰਟਸ ਕੈਟਾਗਰੀ 'ਚ ਇੱਕ ਚਰਚਿਤ ਨਾਂ 3 ਸਾਲ ਦੇ ਅਨੀਸ਼ ਸਰਕਾਰ ਦਾ ਹੈ। ਉਹ (ਵਿਸ਼ਵ ਸ਼ਤਰੰਜ ਫੈਡਰੇਸ਼ਨ) ਰੈਂਕਿੰਗ ਹਾਸਿਲ ਕਰਨ ਵਾਲਾ ਦੁਨੀਆਂ ਦਾ ਸਭ ਤੋਂ ਘੱਟ ਉਮਰ ਦਾ ਸ਼ਤਰੰਜ ਖਿਡਾਰੀ ਹਨ।

ਦੂਜੇ ਪਾਸੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦਿੱਲੀ ਦੇ ਭਾਰਤ ਮੰਡਪਮ 'ਚ ਆਯੋਜਿਤ ਵੀਰ ਬਾਲ ਦਿਵਸ ਪ੍ਰੋਗਰਾਮ 'ਚ ਸ਼ਿਰਕਤ ਕੀਤੀ। ਇਸ ਪ੍ਰੋਗਰਾਮ 'ਚ ਮੋਦੀ ਨੇ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਜੇਤੂਆਂ ਨਾਲ ਮੁਲਾਕਾਤ ਕੀਤੀ।

ਮੋਦੀ ਨੇ ਕਿਹਾ ਕਿ ਜੇਕਰ ਅਸੀਂ ਨਿਰਮਾਣ 'ਤੇ ਕੰਮ ਕਰਦੇ ਹਾਂ ਤਾਂ ਅਸੀਂ ਦੁਨੀਆਂ ਦੇ ਸਭ ਤੋਂ ਵਧੀਆ ਹੋਵਾਂਗੇ। ਜੇਕਰ ਤੁਸੀਂ ਸਪੇਸ ਸੈਕਟਰ ਵਿੱਚ ਕੰਮ ਕਰਦੇ ਹੋ, ਤਾਂ ਦੁਨੀਆਂ ਵਿੱਚ ਸਭ ਤੋਂ ਵਧੀਆ ਬਣੋ। ਬੇਸਟ ਹੀ ਸਾਡਾ ਮਿਆਰ ਹੋਣਾ ਚਾਹੀਦਾ ਹੈ।

# ਮਹਾਰਾਸ਼ਟਰ 'ਚ ਕੰਟਰੈਕਟ ਮੁਲਾਜ਼ਮ ਨੇ ਕੀਤਾ 21 ਕਰੋੜ ਦਾ ਘਪਲਾ, 13 ਹਜ਼ਾਰ ਰੁਪਏ ਤਨਖਾਹ



ਮੁੰਬਈ, 26 ਦਸੰਬਰ (ਪੋਸਟ ਬਿਊਰੋ): ਮਹਾਰਾਸ਼ਟਰ ਦੇ ਛਤਰਪਤੀ ਸੰਭਾਜੀਨਗਰ 'ਚ ਇੱਕ ਕੰਟਰੈਕਟ ਮੁਲਾਜ਼ਮ ਨੇ 21 ਕਰੋੜ ਰੁਪਏ ਦਾ ਘਪਲਾ ਕੀਤਾ ਹੈ। ਇਸ ਰਕਮ ਨਾਲ ਉਸ ਨੇ ਏਅਰਪੋਰਟ ਰੋਡ 'ਤੇ ਇਕ ਲਗਜ਼ਰੀ ਫਲੈਟ ਖਰੀਦਿਆ ਅਤੇ ਆਪਣੀ ਪ੍ਰੇਮਿਕਾ ਨੂੰ ਗਿਫਟ ਕਰ ਦਿੱਤਾ। ਉਸਨੇ ਆਪਣੇ ਲਈ ਮਹਿੰਗੀ ਬਾਈਕ ਅਤੇ ਕਾਰਾਂ ਖਰੀਦੀਆਂ।

ਪੁਲਸ ਨੇ ਦੱਸਿਆ ਕਿ 23 ਸਾਲਾ ਹਰਸ਼ਲ ਕੁਮਾਰ ਕਸ਼ੀਰਸਾਗਰ ਸੰਭਾਜੀਨਗਰ ਸਪੋਰਟਸ ਕੰਪਲੈਕਸ 'ਚ ਕੰਪਿਊਟਰ ਆਪਰੇਟਰ ਹੈ। ਉਸ ਦੀ ਤਨਖਾਹ 13 ਹਜ਼ਾਰ ਰੁਪਏ ਹੈ। ਇਸ ਸਾਲ 1 ਜੁਲਾਈ ਤੋਂ 7 ਦਸੰਬਰ ਦਰਮਿਆਨ ਉਸ ਨੇ ਇੰਟਰਨੈੱਟ ਬੈਂਕਿੰਗ ਰਾਹੀਂ ਵਿਭਾਗ ਦੇ 13 ਖਾਤਿਆਂ 'ਚ 21 ਕਰੋੜ 59 ਲੱਖ 38 ਹਜ਼ਾਰ ਰੁਪਏ ਟਰਾਂਸਫਰ ਕੀਤੇ। ਉਸ ਨੇ ਆਪਣੇ ਸਾਥੀ ਕਰਮਚਾਰੀ ਯਸ਼ੋਦਾ ਸ਼ੈਟੀ ਅਤੇ ਉਸ ਦੇ ਪਤੀ ਬੀਕੇ ਜੀਵਨ ਨਾਲ ਮਿਲ ਕੇ ਇਹ ਘੁਟਾਲਾ ਕੀਤਾ।

ਰਾਜ ਸਰਕਾਰ ਨੇ ਸੰਭਾਜੀਨਗਰ ਵਿੱਚ ਖੇਡ ਕੰਪਲੈਕਸ ਦੇ ਨਿਰਮਾਣ ਲਈ ਪੈਸੇ ਭੇਜੇ ਸਨ। ਸਪੋਰਟਸ ਕੰਪਲੈਕਸ ਦੇ ਨਾਂ 'ਤੇ ਇੰਡੀਅਨ ਬੈਂਕ 'ਚ ਖਾਤਾ ਖੋਲ੍ਹਿਆ ਗਿਆ ਸੀ। ਇਸ ਖਾਤੇ ਵਿੱਚ ਲੈਣ-ਦੇਣ ਡਿਪਟੀ ਸਪੋਰਟਸ ਡਾਇਰੈਕਟਰ ਦੁਆਰਾ ਦਸਤਖਤ ਕੀਤੇ ਚੈੱਕਾਂ ਰਾਹੀਂ ਕੀਤਾ ਗਿਆ ਸੀ।

ਮੁਲਜ਼ਮ ਹਰਸ਼ਲ, ਯਸ਼ੋਦਾ ਸ਼ੈੱਟੀ ਅਤੇ ਉਸ ਦੇ ਪਤੀ ਬੀਕੇ ਜੀਵਨ ਨੇ ਜਾਅਲੀ ਦਸਤਾਵੇਜ਼ ਤਿਆਰ ਕਰਕੇ ਬੈਂਕ ਨੂੰ ਦਿੱਤੇ ਅਤੇ ਇੰਟਰਨੈੱਟ ਬੈਂਕਿੰਗ ਨੂੰ ਐਕਟੀਵੇਟ ਕਰਨ ਤੋਂ ਬਾਅਦ ਰਕਮ ਉਨ੍ਹਾਂ ਦੇ ਖਾਤੇ ਵਿੱਚ ਟਰਾਂਸਫਰ ਕਰ ਦਿੱਤੀ। ਡਿਪਟੀ ਡਾਇਰੈਕਟਰ ਨੂੰ ਇਸ ਘਟਨਾ ਦਾ 6 ਮਹੀਨਿਆਂ ਬਾਅਦ ਪਤਾ ਲੱਗਾ। ਹਰਸ਼ਲ ਫਰਾਰ ਹੈ, ਜਦਕਿ ਯਸ਼ੋਦਾ ਅਤੇ ਉਸ ਦੇ ਪਤੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।

# ਅਜੇ ਮਾਕਨ ਦੇ ਕੇਜਰੀਵਾਲ ਨੂੰ ਦੇਸ਼ ਵਿਰੋਧੀ ਕਹਿਣ 'ਤੇ ਆਪ ਨੇ ਕਾਂਗਰਸ ਨੂੰ 24 ਘੰਟਿਆਂ ਅੰਦਰ ਅਜੇ ਮਾਕਨ ਖਿਲਾਫ ਕਾਰਵਾਈ ਕਰਨ ਲਈ ਕਿਹਾ




ਨਵੀਂ ਦਿੱਲੀ, 26 ਦਸੰਬਰ (ਪੋਸਟ ਬਿਊਰੋ): ਦਿੱਲੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਬਿਆਨਾਂ ਨੂੰ ਲੈ ਕੇ ਆਮ ਆਦਮੀ ਪਾਰਟੀ (ਆਪ) ਅਤੇ ਕਾਂਗਰਸ ਵਿਚਾਲੇ ਟਕਰਾਅ ਸ਼ੁਰੂ ਹੋ ਗਿਆ ਹੈ। ਦਿੱਲੀ ਦੇ ਮੁੱਖ ਮੰਤਰੀ ਆਤਿਸ਼ੀ ਅਤੇ ਸੰਸਦ ਮੈਂਬਰ ਸੰਜੇ ਸਿੰਘ ਨੇ ਵੀਰਵਾਰ ਨੂੰ ਕਿਹਾ ਕਿ ਕਾਂਗਰਸ ਨੇਤਾ ਅਜੇ ਮਾਕਨ ਸਾਡੇ ਨੇਤਾ ਅਰਵਿੰਦ ਕੇਜਰੀਵਾਲ ਨੂੰ ਦੇਸ਼ ਵਿਰੋਧੀ ਕਹਿੰਦੇ ਹਨ। ਕੀ ਉਨ੍ਹਾਂ ਨੇ ਭਾਜਪਾ ਦੇ ਕਿਸੇ ਆਗੂ 'ਤੇ ਅਜਿਹਾ ਦੋਸ਼ ਲਾਇਆ ਸੀ?

ਆਤਿਸ਼ੀ ਨੇ ਕਿਹਾ ਕਿ ਅਸੀਂ ਕਾਂਗਰਸ ਪਾਰਟੀ ਤੋਂ 24 ਘੰਟਿਆਂ ਦੇ ਅੰਦਰ ਮਾਕਨ ਖਿਲਾਫ ਕਾਰਵਾਈ ਕਰਨ ਦੀ ਮੰਗ ਕਰਦੇ ਹਾਂ। ਨਹੀਂ ਤਾਂ ਅਸੀਂ ਕਾਂਗਰਸ ਪਾਰਟੀ ਨੂੰ ਇੰਡੀਆ ਬਲਾਕ ਤੋਂ ਵੱਖ ਕਰਨ ਲਈ ਹੋਰ ਵਿਰੋਧੀ ਪਾਰਟੀਆਂ ਨਾਲ ਗੱਲ ਕਰਾਂਗੇ।

ਸੰਜੇ ਸਿੰਘ ਨੇ ਕਿਹਾ ਕਿ ਦਿੱਲੀ ਅੰਦਰ ਕਾਂਗਰਸ ਪਾਰਟੀ ਭਾਜਪਾ ਦੇ ਹੱਕ ਵਿੱਚ ਖੜ੍ਹੀ ਹੈ। ਕਾਂਗਰਸ ਉਹ ਸਭ ਕੁਝ ਕਰ ਰਹੀ ਹੈ ਜਿਸ ਨਾਲ ਭਾਜਪਾ ਨੂੰ ਚੋਣਾਂ 'ਚ ਫਾਇਦਾ ਹੋਵੇਗਾ। ਅਜੇ ਮਾਕਨ ਦਿੱਲੀ ਅੰਦਰ ਕਾਂਗਰਸ ਦੇ ਆਗੂ ਹਨ। ਉਹ ਭਾਜਪਾ ਦੀ ਸਕ੍ਰਿਪਟ ਪੜ੍ਹਦੇ ਹਨ। ਉਹ ਭਾਜਪਾ ਦੇ ਇਸ਼ਾਰੇ 'ਤੇ ਆਮ ਆਦਮੀ ਪਾਰਟੀ ਦੇ ਆਗੂਆਂ ਨੂੰ ਨਿਸ਼ਾਨਾ ਬਣਾਉਂਦੇ ਹਨ।

ਕਾਂਗਰਸ ਨੇਤਾ ਅਜੇ ਮਾਕਨ ਨੇ 25 ਦਸੰਬਰ ਨੂੰ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਦੇਸ਼ ਦਾ ਫਰਾਡ ਕਿੰਗ ਮਤਲਬ ਸਭ ਤੋਂ ਵੱਡਾ ਧੋਖੇਬਾਜ਼ ਕਿਹਾ ਹੈ। ਮਾਕਨ ਨੇ ਕਿਹਾ ਕਿ ਜੇਕਰ ਕੇਜਰੀਵਾਲ ਨੂੰ ਇੱਕ ਸ਼ਬਦ ਵਿੱਚ ਪਰਿਭਾਸ਼ਿਤ ਕਰਨਾ ਹੈ ਤਾਂ ਉਹ ਸ਼ਬਦ 'ਫਰਜ਼ੀਵਾਲ' ਹੋਵੇਗਾ।

ਮਾਕਨ ਨੇ ਇਹ ਵੀ ਕਿਹਾ ਕਿ ਲੋਕ ਸਭਾ ਚੋਣਾਂ ਲਈ 'ਆਪ' ਨਾਲ ਗਠਜੋੜ 'ਚ ਆਉਣਾ ਕਾਂਗਰਸ ਦੀ ਗਲਤੀ ਸੀ, ਜਿਸ ਨੂੰ ਹੁਣ ਸੁਧਾਰਿਆ ਜਾਣਾ ਚਾਹੀਦਾ ਹੈ। ਕੇਜਰੀਵਾਲ ਵਰਗੇ ਵਿਅਕਤੀ 'ਤੇ ਭਰੋਸਾ ਨਹੀਂ ਕੀਤਾ ਜਾ ਸਕਦਾ। ਉਸ ਦੀ ਨਾ ਕੋਈ ਵਿਚਾਰਧਾਰਾ ਹੈ ਅਤੇ ਨਾ ਹੀ ਕੋਈ ਸੋਚ। ਉਹ ਆਪਣੀਆਂ ਸਿਆਸੀ ਖਾਹਿਸ਼ਾਂ ਲਈ ਕਿਸੇ ਵੀ ਹੱਦ ਤੱਕ ਜਾ ਸਕਦੇ ਹਨ।

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

MagGas Medical Brampton
MGM
MAGGAS MEDICAL INC.
Helping you breathe deep and rest easy.
• CPAP ਮਸ਼ੀਨਾਂ, ਮਾਸਕ ਅਤੇ ਸਪਲਾਈ
• ਮੁਫ਼ਤ ਸਲਾਹ
• ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
• ਓਨਟਾਰੀਓ ਵਰਕਸ ਲਈ ਮੁਫ਼ਤ
• ਮੁਫ਼ਤ ਡਿਲੀਵਰੀ
(647) 954-9885
20 Maritime Ont Blvd
Unit 15
Brampton, ON L6S 0C2

ਨਵਾਂ ਘਾਹ ਲਵਾਉ | 647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

## ਬੰਗਲਾਦੇਸ਼ ਦੇ ਸਕੱਤਰੇਤ ਦੀ ਇਮਾਰਤ ’ਚ ਲੱਗੀ ਅੱਗ, ਇੱਕ ਫਾਇਰਮੈਨ ਦੀ ਮੌਤ



ਢਾਕਾ, 26 ਦਸੰਬਰ (ਪੋਸਟ ਬਿਊਰੋ): ਬੰਗਲਾਦੇਸ਼ ਦੀ ਰਾਜਧਾਨੀ ਢਾਕਾ ਦੇ ਸੇਗੁਨਬਾਗੀਚਾ ਇਲਾਕੇ 'ਚ ਸਥਿਤ ਸਕੱਤਰੇਤ 'ਚ ਬੁੱਧਵਾਰ ਦੁਪਹਿਰ ਕਰੀਬ 2 ਵਜੇ ਅੱਗ ਲੱਗ ਗਈ। ਜਾਣਕਾਰੀ ਮੁਤਾਬਕ ਅੱਗ ਸਕੱਤਰੇਤ ਦੀ ਇਮਾਰਤ ਨੰਬਰ 7 ਦੀ 6ਵੀਂ ਮੰਜ਼ਿਲ ’ਤੇ ਲੱਗੀ, ਜੋ ਬਾਅਦ 'ਚ 7ਵੀਂ ਅਤੇ 8ਵੀਂ ਮੰਜ਼ਿਲ 'ਤੇ ਫੈਲ ਗਈ। ਇਸ ਇਮਾਰਤ ਵਿੱਚ ਟਰਾਂਸਪੋਰਟ ਸਮੇਤ 7 ਮੰਤਰਾਲਿਆਂ ਦੇ ਦਫ਼ਤਰ ਹਨ।

ਅੱਗ ਲੱਗਣ ਦੀ ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀਆਂ 8 ਗੱਡੀਆਂ ਮੌਕੇ 'ਤੇ ਭੇਜੀਆਂ ਗਈਆਂ। ਹਾਲਾਂਕਿ ਅੱਗ 'ਤੇ ਕਾਬੂ ਪਾਉਣ ਲਈ ਅੱਗ ਬੁਝਾਊ ਦਸਤੇ ਦੀਆਂ 10 ਹੋਰ ਗੱਡੀਆਂ ਮੌਕੇ 'ਤੇ ਭੇਜੀਆਂ ਗਈਆਂ। ਫਾਇਰ ਬ੍ਰਿਗੇਡ ਦੇ ਮੁਲਾਜ਼ਮਾਂ ਨੇ 6 ਘੰਟੇ ਦੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ।

ਫਾਇਰ ਬ੍ਰਿਗੇਡ ਦੇ ਮੀਡੀਆ ਸੈੱਲ ਦੇ ਅਧਿਕਾਰੀ ਸ਼ਾਹਜਹਾਂ ਸ਼ਿਕਦਾਰ ਮੁਤਾਬਕ ਫਾਇਰ ਬ੍ਰਿਗੇਡ ਵਿਭਾਗ ਨੂੰ ਦੁਪਹਿਰ 1:52 'ਤੇ ਅੱਗ ਲੱਗਣ ਦੀ ਸੂਚਨਾ ਮਿਲੀ ਸੀ, ਜਿਸ ਤੋਂ ਬਾਅਦ ਫਾਇਰ ਬ੍ਰਿਗੇਡ ਦੇ ਕਰਮਚਾਰੀ 1:54 'ਤੇ ਮੌਕੇ 'ਤੇ ਪਹੁੰਚੇ। ਸਵੇਰੇ 8:05 ਵਜੇ ਅੱਗ 'ਤੇ ਕਾਬੂ ਪਾਇਆ ਗਿਆ।

## ਬੋਨਟ ’ਤੇ ਬੈਠਾਇਆ ਬੱਚਾ, ਹਾਈਵੇ ’ਤੇ ਭਜਾਈ ਕਾਰ, ਮੁਲਜ਼ਮ ਗ੍ਰਿਫ਼ਤਾਰ

ਝਾਲਾਵਾੜ, 26 ਦਸੰਬਰ (ਪੋਸਟ ਬਿਊਰੋ): ਰੀਲ ਬਣਾਉਣ ਲਈ ਇੱਕ ਨੌਜਵਾਨ ਨੇ ਬੋਨਟ 'ਤੇ ਆਪਣੇ 5 ਸਾਲਾ ਬੇਟੇ ਨੂੰ ਬੈਠਾਇਆ ਤੇ ਕਾਰ ਭਜਾਈ। ਇਸ ਦਾ ਵੀਡੀਓ ਸਾਹਮਣੇ ਆਇਆ ਹੈ। ਇੱਕ ਬੱਚੇ ਦੀ ਜਾਨ ਖਤਰੇ ਵਿੱਚ ਪਾਉਣ ਦੀ ਇਹ ਵੀਡੀਓ ਝਾਲਾਵਾੜ ਇਲਾਕੇ ਦੇ ਨੈਸ਼ਨਲ ਹਾਈਵੇ-52 ਦੀ ਹੈ। ਨੌਜਵਾਨ ਵੀਰਵਾਰ ਨੂੰ ਹਾਈਵੇਅ 'ਤੇ ਝਾਲਾਵਾੜ ਤੋਂ ਕੋਟਾ ਵੱਲ ਕਾਰ ਚਲਾ ਰਿਹਾ ਸੀ। ਵੀਡੀਓ ਸਾਹਮਣੇ ਆਉਣ ਤੋਂ ਬਾਅਦ ਪੁਲਸ ਨੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਉਸ ਖਿਲਾਫ ਮਨੁੱਖੀ ਜਾਨ ਨੂੰ ਖਤਰੇ ਵਿਚ ਪਾਉਣ ਦਾ ਮਾਮਲਾ ਦਰਜ ਕੀਤਾ ਗਿਆ ਹੈ।

ਝਾਲਾਵਾੜ ਕੋਤਵਾਲੀ ਸੀਆਈ ਚੰਦਰ ਜੋਤੀ ਸ਼ਰਮਾ ਨੇ ਕਿਹਾ ਕਿ ਇੱਕ ਵੀਡੀਓ ਸਾਹਮਣੇ ਆਇਆ ਸੀ ਜਿਸ ਵਿੱਚ ਇੱਕ ਮਾਸੂਮ ਬੱਚੇ ਨੂੰ ਰੀਲ ਬਣਾਉਣ ਲਈ ਜਾਨ ਨੂੰ ਜੋਖਮ ਵਿੱਚ ਪਾਇਆ ਸੀ। ਇਸ 'ਚ ਇੱਕ ਨੌਜਵਾਨ ਬੋਨਟ 'ਤੇ ਬੈਠਾ ਚਾਰ-ਪੰਜ ਸਾਲ ਦੇ ਬੱਚੇ ਨਾਲ ਕਾਰ ਚਲਾ ਰਿਹਾ ਹੈ। ਵੀਡੀਓ 'ਚ ਬੱਚੇ ਦਾ ਚਿਹਰਾ ਅਤੇ ਕਾਰ ਦਾ ਨੰਬਰ ਸਾਫ ਦਿਖਾਈ ਦੇ ਰਿਹਾ ਸੀ ਪਰ ਡਰਾਈਵਰ ਸਾਫ ਨਜ਼ਰ ਨਹੀਂ ਆ ਰਿਹਾ ਸੀ।




ਪੁਲਿਸ ਨੇ ਕਾਰ ਨੰਬਰ ਦੇ ਆਧਾਰ ’ਤੇ ਮੁਲਜ਼ਮ ਡਰਾਈਵਰ ਸੁਰੇਸ਼ ਕੁਮਾਰ ਵਾਸੀ ਨਵਾਂ ਤਾਲਾਬ (ਝਾਲਾਵਾੜ) ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲਿਸ ਨੇ ਮੁਲਜ਼ਮਾਂ ਖਿਲਾਫ਼ ਮਨੁੱਖੀ ਜਾਨ ਨੂੰ ਖਤਰੇ ਵਿੱਚ ਪਾਉਣ ਦੇ ਦੋਸ਼ ਹੇਠ ਕੇਸ ਦਰਜ ਕਰ ਲਿਆ ਹੈ। ਕਾਰ ਨੂੰ ਵੀ ਜ਼ਬਤ ਕਰ ਲਿਆ ਗਿਆ ਹੈ।

## ਖੁੱਡੀਆਂ ਨੇ ਪਸੂ ਪਾਲਣ ਵਿਭਾਗ ਵਿੱਚ 11 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ

ਚੰਡੀਗੜ੍ਹ, 26 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਇੱਥੇ ਆਪਣੇ ਦਫ਼ਤਰ ਵਿੱਚ 11 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ। ਪਸ਼ੂ ਪਾਲਣ ਵਿਭਾਗ ਵਿੱਚ ਭਰਤੀ ਹੋਏ ਇਨ੍ਹਾਂ ਉਮੀਦਵਾਰਾਂ ਵਿੱਚ ਸੱਤ ਵੈਟਰਨਰੀ ਇੰਸਪੈਕਟਰ, ਤਿੰਨ ਸਟੈਨੋ ਟਾਈਪਿਸਟ ਅਤੇ ਇੱਕ ਦਰਜਾ ਚਾਰ ਕਰਮਚਾਰੀ ਸ਼ਾਮਲ ਹੈ।



ਨਵ-ਨਿਯੁਕਤ ਕਰਮਚਾਰੀਆਂ ਨੂੰ ਵਧਾਈ ਦਿੰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਸੂਬਾ ਸਰਕਾਰ ਨੇ ਆਪਣੇ ਕਾਰਜਕਾਲ ਦੇ ਮਹਿਜ਼ 33 ਮਹੀਨਿਆਂ ਵਿੱਚ ਤਕਰੀਬਨ 50,000 ਨੌਜਵਾਨਾਂ ਨੂੰ ਰਾਜ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵਿੱਚ ਸਰਕਾਰੀ ਨੌਕਰੀਆਂ ਦਿੱਤੀਆਂ ਹਨ।

ਪਸ਼ੂ ਪਾਲਣ ਮੰਤਰੀ ਨੇ ਨਵ-ਨਿਯੁਕਤ ਕਰਮਚਾਰੀਆਂ ਨੂੰ ਪੰਜਾਬ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਪੂਰੀ ਇਮਾਨਦਾਰੀ ਤੇ ਸਮਰਪਣ ਦੀ ਭਾਵਨਾ ਨਾਲ ਕੰਮ ਕਰਨ ਅਤੇ ਪਾਰਦਰਸ਼ੀ ਤੇ ਕੁਸ਼ਲ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇਹ ਭਰਤੀ ਪ੍ਰਕਿਰਿਆ ਮੈਰਿਟ ਦੇ ਆਧਾਰ 'ਤੇ ਪਾਰਦਰਸ਼ੀ ਢੰਗ ਨਾਲ ਕੀਤੀ ਗਈ ਹੈ।

ਇਸ ਮੌਕੇ ਡਾਇਰੈਕਟਰ ਪਸ਼ੂ ਪਾਲਣ ਡਾ. ਜੀ.ਐਸ. ਬੇਦੀ ਅਤੇ ਵਿਭਾਗ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।

## ਗੁਜਰਾਤ ’ਚ ਟਾਇਰ ਫਟਣ ਕਾਰਨ 2 ਟਰੱਕਾਂ ਦੀ ਟੱਕਰ, 2 ਦੀ ਮੌਤ, 3 ਜ਼ਖਮੀ

ਅਹਿਮਦਾਬਾਦ, 26 ਦਸੰਬਰ (ਪੋਸਟ ਬਿਊਰੋ): ਗੁਜਰਾਤ ਦੇ ਅਹਿਮਦਾਬਾਦ-ਰਾਜਕੋਟ ਹਾਈਵੇਅ 'ਤੇ ਬੁੱਧਵਾਰ ਦੇਰ ਰਾਤ ਦੋ ਟਰੱਕਾਂ ਦੀ ਆਪਸ 'ਚ ਟੱਕਰ ਹੋ ਗਈ। ਹਾਦਸੇ 'ਚ ਦੋ ਦੀ ਮੌਤ ਹੋ ਗਈ, ਤਿੰਨ ਲੋਕ ਜ਼ਖਮੀ ਹੋ ਗਏ।

ਇਹ ਹਾਦਸਾ ਬਾਗੋਦਰਾ ਤੋਂ ਬਾਵਲਾ ਵੱਲ ਜਾ ਰਹੇ ਕੱਪੜਿਆਂ ਨਾਲ ਭਰੇ ਟਰੱਕ ਦਾ ਟਾਇਰ ਫਟਣ ਕਾਰਨ ਵਾਪਰਿਆ। ਇਹ ਟਰੱਕ ਦੂਜੇ ਪਾਸੇ ਤੋਂ ਆ ਰਹੇ ਟਰੱਕ ਨਾਲ ਟਕਰਾ ਗਿਆ। ਜਿਸ ਤੋਂ ਬਾਅਦ ਧਮਾਕਾ ਹੋਇਆ। ਦੋਵੇਂ ਟਰੱਕਾਂ ਨੂੰ ਅੱਗ ਲੱਗ ਗਈ। ਨੇੜਿਓਂ ਲੰਘ ਰਹੇ ਦੋ ਵਾਹਨ ਵੀ ਇਸ ਦੀ ਲਪੇਟ ਵਿੱਚ ਆ ਗਏ।



ਕੱਪੜਿਆਂ ਨਾਲ ਭਰਿਆ ਟਰੱਕ ਚੋਟਿਲਾ ਤੋਂ ਅਹਿਮਦਾਬਾਦ ਜਾ ਰਿਹਾ ਸੀ। ਇਸ ਦਾ ਟਾਇਰ ਫਟ ਗਿਆ ਅਤੇ ਇਹ ਬਾਵਲਾ ਤੋਂ ਬਾਗੋਦਰਾ ਜਾ ਰਹੇ ਟਰੱਕ ਨਾਲ ਟਕਰਾ ਗਿਆ। ਇਹ ਟਰੱਕ ਕਣਕ ਅਤੇ ਚੌਲਾਂ ਦੀਆਂ ਬੋਰੀਆਂ ਨਾਲ ਭਰਿਆ ਹੋਇਆ ਸੀ।

ਕੱਪੜਿਆਂ ਨਾਲ ਭਰਿਆ ਟਰੱਕ ਰਣਛੋੜਭਾਈ ਰਬਾੜੀ ਦੀ ਕੰਪਨੀ ਦਾ ਸੀ। ਟਰੱਕ ਦਾ ਪੁਰਾਣਾ ਡਰਾਈਵਰ ਪ੍ਰਦੀਪਭਾਈ ਛੁੱਟੀ 'ਤੇ ਗਿਆ ਹੋਇਆ ਸੀ। ਉਸ ਦੀ ਥਾਂ ਕਮਲਭਾਈ ਗੱਡੀ ਚਲਾ ਰਿਹਾ ਸੀ। ਹਾਦਸੇ 'ਚ ਡਰਾਈਵਰ ਕਮਲਭਾਈ ਦੀ ਮੌਤ ਹੋ ਗਈ ਹੈ, ਜਦਕਿ ਇਕ ਹੋਰ ਯਾਤਰੀ ਦੀ ਮੌਤ ਹੋ ਗਈ ਦੱਸੀ ਜਾ ਰਹੀ ਹੈ।

TechSpirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਿਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10"tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Pointing
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6







# ਸ਼ਹੀਦੀ ਸਭਾ: ਡੀਜੀਪੀ ਗੌਰਵ ਯਾਦਵ ਨੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਮੱਥਾ ਟੇਕਿਆ, ਸੁਰੱਖਿਆ ਪ੍ਰਬੰਧਾਂ ਦਾ ਲਿਆ ਜਾਇਜ਼ਾ

*** ਪੰਜਾਬ ਪੁਲਿਸ ਨਿਮਰਤਾ ਨਾਲ ਸੰਗਤ ਦਾ ਮਾਰਗਦਰਸ਼ਨ ਕਰੇਗੀ: ਡੀਜੀਪੀ ਗੌਰਵ ਯਾਦਵ * 4000 ਤੋਂ ਵੱਧ ਪੁਲਿਸ ਮੁਲਾਜ਼ਮ 24 ਘੰਟੇ ਡਿਊਟੀ 'ਤੇ ਤਾਇਨਾਤ, ਸੀਸੀਟੀਵੀ ਨਿਗਰਾਨੀ ਬਣਾਈ ਯਕੀਨੀ**



ਚੰਡੀਗੜ੍ਹ, 26 ਦਸੰਬਰ (ਪੋਸਟ ਬਿਊਰੋ): ਫ਼ਤਹਿਗੜ੍ਹ ਸਾਹਿਬ ਵਿਖੇ ਛੋਟੇ ਸਾਹਿਬਜ਼ਾਦੇ ਦੀ ਸ਼ਹਾਦਤ ਨੂੰ ਸਮਰਪਿਤ ਸਲਾਨਾ ਸ਼ਹੀਦੀ ਸਭਾ ਦੇ ਚੱਲਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਸੰਗਤ ਦੇ ਨਿਰਵਿਘਨ ਮੱਥਾ ਟੇਕਣ ਨੂੰ ਯਕੀਨੀ ਬਣਾਉਣ ਲਈ ਮੌਕੇ 'ਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ।

ਜ਼ਿਕਰਯੋਗ ਹੈ ਕਿ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਤਿੰਨ ਰੋਜ਼ਾ ਸਾਲਾਨਾ ਸ਼ਹੀਦੀ ਸਮਾਗਮ ਬੁੱਧਵਾਰ ਤੋਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਸ਼ੁਰੂ ਹੋ ਗਿਆ ਹੈ।

ਡੀ.ਜੀ.ਪੀ ਗੌਰਵ ਯਾਦਵ, ਜੋ ਕਿ ਡੀ.ਆਈ.ਜੀ ਰੋਪੜ ਰੇਂਜ ਹਰਚਰਨ ਸਿੰਘ ਭੁੱਲਰ ਅਤੇ ਐਸ.ਐਸ.ਪੀ. ਫ਼ਤਹਿਗੜ੍ਹ ਸਾਹਿਬ ਡਾ. ਰਵਜੋਤ ਗਰੇਵਾਲ ਦੇ ਨਾਲ ਸਨ, ਨੇ ਸ਼ਹੀਦੀ ਸਭਾ ਦੇ ਸਮਾਗਮ ਨੂੰ ਸੁਚਾਰੂ ਅਤੇ ਸ਼ਾਂਤਮਈ ਢੰਗ ਨਾਲ ਨੇਪਰੇ ਚਾੜ੍ਹਨ ਲਈ ਕੀਤੇ ਗਏ ਸੁਰੱਖਿਆ ਅਤੇ ਟ੍ਰੈਫਿਕ ਪ੍ਰਬੰਧਾਂ ਦਾ ਜਾਇਜ਼ਾ ਲਿਆ।

ਉਨ੍ਹਾਂ ਦੱਸਿਆ ਕਿ 4000 ਤੋਂ ਵੱਧ ਪੁਲਿਸ ਮੁਲਾਜ਼ਮਾਂ ਨੂੰ ਤਾਇਨਾਤ ਕੀਤਾ ਗਿਆ ਹੈ ਅਤੇ ਗਜ਼ਟਿਡ ਅਧਿਕਾਰੀ ਦੀ ਅਗਵਾਈ ਹੇਠ ਸਮੁੱਚੇ ਖੇਤਰ ਨੂੰ ਪੰਜ ਸੈਕਟਰਾਂ ਵਿੱਚ ਵੰਡਿਆ ਗਿਆ ਹੈ ਤਾਂ ਜੋ ਸੰਗਤ ਨੂੰ ਮੱਥਾ ਟੇਕਣ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਅੱਗੇ ਕਿਹਾ ਕਿ ਇੱਕ ਵਿਸ਼ੇਸ਼ ਰੂਟ ਨੂੰ ਵੀ.ਆਈ.ਪੀ. ਰੂਟ ਵਜੋਂ ਬਣਾਇਆ ਗਿਆ ਹੈ, ਜਿਸ ਨੂੰ ਲੋੜ ਪੈਣ 'ਤੇ ਐਮਰਜੈਂਸੀ ਲਈ ਵੀ ਵਰਤਿਆ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦੀ ਤਰਜੀਹੀ ਡਿਊਟੀ ਸੰਗਤ ਲਈ ਨਿਰਵਿਘਨ ਰਸਤੇ ਨੂੰ ਯਕੀਨੀ ਬਣਾਉਣਾ ਹੈ ਅਤੇ ਪੰਜਾਬ ਪੁਲਿਸ ਸੁਖਾਵੇਂ ਢੰਗ ਨਾਲ ਸਾਰੀ ਸੰਗਤ ਦੀ ਅਗਵਾਈ ਕਰੇਗੀ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਸਾਰੇ ਪੁਲਿਸ ਮੁਲਾਜ਼ਮਾਂ ਨੂੰ ਸੰਗਤਾਂ ਪ੍ਰਤੀ ਨਿਮਰਤਾ ਵਾਲਾ ਰਵੱਈਆ ਅਪਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

ਡੀਜੀਪੀ ਨੇ ਕਿਹਾ ਕਿ ਸਾਰੇ ਰੂਟਾਂ 'ਤੇ ਲੋੜੀਂਦੀ ਗਿਣਤੀ ਵਿੱਚ ਕਲੋਜ਼ਡ ਸਰਕਟ ਟੈਲੀਵਿਜ਼ਨ (ਸੀਸੀਟੀਵੀ) ਕੈਮਰੇ ਲਗਾਏ ਗਏ ਹਨ ਅਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇੱਕ ਕੰਟਰੋਲ ਰੂਮ ਰਾਹੀਂ ਕਵਰੇਜ ਦੀ ਨਿਗਰਾਨੀ ਕੀਤੀ ਜਾ ਰਹੀ ਹੈ।

ਦੱਸਣਯੋਗ ਹੈ ਕਿ ਕੁੱਲ 20 ਪਾਰਕਿੰਗ ਥਾਵਾਂ ਨਿਰਧਾਰਿਤ ਕੀਤੀਆਂ ਗਈਆਂ ਹਨ ਅਤੇ ਸੰਗਤ ਦੀ ਸਹੂਲਤ ਲਈ ਪਾਰਕਿੰਗ ਏਰੀਆ ਅਤੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਚਕਾਰ ਸ਼ਟਲ ਬੱਸ ਸੇਵਾ ਵਧਾ ਕੇ 100 ਬੱਸਾਂ ਦੀ ਵਿਵਸਥਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਮੁੱਚੇ ਸ਼ਹਿਰ ਨੂੰ ਇੱਕ ਤਰਫਾ ਆਵਾਜਾਈ ਮਾਰਗ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ।

# ਕੈਬਨਿਟ ਸਬ-ਕਮੇਟੀ ਵੱਲੋਂ ਮੁੱਖ ਮੁੱਦਿਆਂ ਨੂੰ ਹੱਲ ਕਰਨ ਲਈ ਕਰਮਚਾਰੀ ਯੂਨੀਅਨਾਂ ਮੀਟਿੰਗ

ਚੰਡੀਗੜ੍ਹ, 26 ਦਸੰਬਰ (ਪੋਸਟ ਬਿਊਰੋ): ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਪਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਸ਼ਮੂਲੀਅਤ ਵਾਲੀ ਕੈਬਨਿਟ ਸਬ-ਕਮੇਟੀ ਨੇ ਅੱਜ ਇਥੇ ਵੱਖ-ਵੱਖ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਵਿਸਤ੍ਰਿਤ ਮੀਟਿੰਗ ਕੀਤੀ। ਮੀਟਿੰਗ ਦਾ ਉਦੇਸ਼ ਕਰਮਚਾਰੀਆਂ ਨੂੰ ਦਰਪੇਸ਼ ਮੁਸ਼ਕਲਾਂ 'ਤੇ ਚਰਚਾ ਅਤੇ ਹੱਲ ਕਰਨਾ ਸੀ।

ਪਾਵਰਕੌਮ ਸੀ.ਐਚ.ਬੀ ਲਾਈਨਮੈਨ ਠੇਕਾ ਮੁਲਾਜਮ ਯੂਨੀਅਨ, ਸਰਬ ਸਿਖਿਆ ਅਭਿਆਨ ਮਿਡ-ਡੇਅ ਮੀਲ ਦਫਤਰੀ ਮੁਲਾਜਮ ਯੂਨੀਅਨ ਅਤੇ ਆਦਰਸ਼ ਸਕੂਲ ਟੀਚਿੰਗ ਨਾਨ-ਟੀਚਿੰਗ ਮੁਲਾਜਮ ਯੂਨੀਅਨ ਦੇ ਨੁਮਾਇੰਦਿਆਂ ਨੇ ਇੰਨ੍ਹਾਂ ਮੀਟਿੰਗਾਂ ਦੌਰਾਨ ਆਪਣੀਆਂ ਮੰਗਾਂ ਅਤੇ ਚਿੰਤਾਵਾਂ ਨਾਲ ਸਬੰਧਤ ਮੰਗ ਪੱਤਰ ਸੌਂਪੇ। ਯੂਨੀਅਨਾਂ ਆਗੂਆਂ ਨੇ ਆਪਣੇ ਕੰਮ ਦੀਆਂ ਸਥਿਤੀਆਂ, ਨੌਕਰੀ ਦੀ ਸੁਰੱਖਿਆ ਅਤੇ ਹੋਰ ਜ਼ਰੂਰੀ ਪਹਿਲੂਆਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਨੂੰ ਕੈਬਨਿਟ ਸਬ-ਕਮੇਟੀ ਨਾਲ ਸਾਂਝਾ ਕੀਤਾ।

ਇੰਨ੍ਹਾਂ ਮੀਟਿੰਗਾਂ ਦੌਰਾਨ ਕੈਬਨਿਟ ਸਬ-ਕਮੇਟੀ ਨੇ ਯੂਨੀਅਨਾਂ ਦੇ ਨੁਮਾਇੰਦਿਆਂ ਵੱਲੋਂ ਰੱਖੀਆਂ ਮੰਗਾਂ 'ਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਡੂੰਘਾਈ ਨਾਲ ਵਿਚਾਰ ਵਟਾਂਦਰਾ ਕੀਤਾ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਪਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਯੂਨੀਅਨ ਦੇ ਨੁਮਾਇੰਦਿਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਬਹੁਤੇ ਮੁੱਦੇ ਪਹਿਲਾਂ ਹੀ ਵਿਚਾਰੇ ਜਾ ਰਹੇ ਹਨ। ਉਨ੍ਹਾਂ ਨੇ ਜਾਇਜ਼ ਮੰਗਾਂ ਨੂੰ ਤੁਰੰਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਲਈ ਸਰਕਾਰ ਦੀ ਵਚਨਬੱਧਤਾ ਦੁਹਰਾਈ। ਸਕਾਰ-ਾਤਮਕ ਨੋਟ 'ਤੇ ਸਮਾਪਤ ਹੋਈਆਂ ਇੰਨ੍ਹਾਂ ਮੀਟਿੰਗਾਂ ਦੌਰਾਨ ਯੂਨੀਅਨ ਦੇ ਨੁਮਾਇੰਦਿਆਂ ਨੇ ਸਰਕਾਰ ਦੀ ਹਾਂ-ਪੱਖੀ ਪਹੁੰਚ ਅਤੇ ਉਸਾਰੂ ਗੱਲਬਾਤ ਜਾਰੀ ਰੱਖਣ ਲਈ ਪ੍ਰਸ਼ੰਸਾ ਕੀਤੀ।



